ਪੰਜਾਬ ਸਰਕਾਰ

ਸਥਾਨਕ ਸਰਕਾਰ ਵਿਭਾਗ

(ਲੇਖਾ ਸ਼ਾਖਾ)

ਸੇਵਾ ਵਿਖੇ,

ਕਮਿਸ਼ਨਰ,
ਨਗਰ ਨਿਗਮ, ਲੁਧਿਆਣਾ।

ਨੰ:ਲੇਖਾਕਾਰ-6-ਉਕਵਲ-ਡਸਸ-(ਨਿਗਮ/454/58)-16/26703
ਮਿਤੀ: 14-06-16

ਵਿਸ਼ਾ:- ਨਗਰ ਨਿਗਮ, ਲੁਧਿਆਣਾ ਦਾ ਬਜਟ ਸਾਲ 2016-17 ਸਬੰਧੀ।

*********

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਪੰਜਾਬ ਨਗਰ ਨਿਗਮ ਐਕਟ, 1976 ਦੇ ਨਿਯਮ 87 (2) ਅਤੇ 86 (1) ਅਧੀਨ ਨਗਰ ਨਿਗਮ, ਲੁਧਿਆਣਾ ਦਾ ਬਜਟ ਅਨੁਮਾਨ ਸਾਲ 2016-17 ਹੇਠ ਦਰਸਾਈਆਂ ਸ਼ਰਤਾਂ ਅਨੁਸਾਰ ਸਕੱਤਰ, ਸਥਾਨਕ ਸਰਕਾਰ, ਪੰਜਾਬ ਜੀ ਵੱਲੋਂ ਪ੍ਰਵਾਨ ਕੀਤਾ ਜਾਂਦਾ ਹੈ :-

ਬਜਟ ਐਸਟੀਮੇਟ (2016-17) (ਰਕਮ ਲੱਖਾਂ ਵਿੱਚ)

| ਆਮਦਨ | ਵਿਭਾਗ ਦੀ ਤਜਵੀਜ |
|---|---|
| ਮਿਤੀ 01/04/2016 ਨੂੰ ਮੁੱਢਲਾ ਬਕਾਇਆ (ਕੈਸ਼ ਬੁੱਕ ਅਨੁਸਾਰ) | 8082.13 |
| ਸਾਲ 2016-17 ਲਈ ਆਮਦਨ | 109845.00 |
| ਕੁਲ | **117927.13** |
| ਖਰਚਾ | |
| ੳ) ਅਮਲਾ-(ਸਮੇਤ ਤਨਖਾਹਾਂ, ਏਰੀਅਰ, ਪੈਨਸ਼ਨ ਕੰਟਰੀਬਿਊਸ਼ਨ ਰਿਟਾਇਰਮੈਂਟ ਲਾਭ, ਮੈਡੀਕਲ ਰਿਬਰਸਮੈਂਟ ਅਤੇ ਟੀ.ਏ/ਐਲ.ਟੀ.ਸੀ ਆਦਿ) | 36000.00 |
| ਅ) ਕੰਟੀਜੈਂਸੀ: | 4500.00 |
| ੲ) ਵਿਕਾਸ ਦੇ ਕੰਮਾਂ ਲਈ ਕਮਿਟਡ : 38970.00 | 66170.00 |
| ਨਾਨ ਕਮਿਟਡ : 27200.00 | |
| ਕੁਲ | **106670.00** |
| ਮਿਤੀ 31/3/2017 ਲਈ ਅੰਤਿਮ ਬਕਾਇਆ | 11257.13 |
| ਕੁਲ | **117927.13** |

ਆਮਦਨ:- ਇਸ ਮੱਦ ਅਧੀਨ ਸਾਲ 2016-17 ਲਈ ਹੇਠ ਦਰਸਾਏ ਹੈਡਾਂ ਸਮੇਤ ਬਾਕੀ ਹੈਡਾਂ ਦੀ ਕੁੱਲ ਆਮਦਨ 109845.00 ਲੱਖ ਪ੍ਰਵਾਨ ਕੀਤੀ ਜਾਂਦੀ ਹੈ। :-

| ਹੈਡ ਦਾ ਨਾਮ | ਵਿਭਾਗ ਦੀ ਪ੍ਰਵਾਨਗੀ |
|---|---|
| ਹਾਊਸ ਟੈਕਸ/ਪ੍ਰਾਪਰਟੀ ਟੈਕਸ | 8000.00 |
| ਵੈਟ | 40000.00 |
| ਰੈਂਟ/ਤਹਿਬਜਾਰੀ | 800.00 |
| ਬਿਜਲੀ ਤੋਂ ਚੁੰਗੀ | 3700.00 |
| ਸਲਾਟਰ ਹਾਊਸ/ਕੰਪੋਜੀਸ਼ਨ ਫੀਸ | 1550.00 |
| ਪੀ.ਆਈ.ਡੀ.ਬੀ. ਤੋਂ ਗ੍ਰਾਂਟ | 41300.00 |
| ਅਕਸਾਈਜ ਡਿਊਟੀ | 3000.00 |
| ਵਿਗਿਆਪਨ | 400.00 |
| ਲਾਇਸੰਸ (ਅੰਡਰ ਸੈਕਸ਼ਨ 343)/ਵੀਹਕੱਲ | 725.00 |
| ਸੇਲ ਆਫ ਪ੍ਰਾਪਰਟੀ | 2000.00 |
| ਫੁਟਕਲ ਆਮਦਨ(ਸਮੇਤ ੳ.ਐਂਡ ਐਮ.ਅਤੇ ਕਰਮਚਾਰੀਆਂ ਦੇ ਕਰਜੇ) | 8370.00 |
| ਕੁੱਲ | **109845.00** |

ਨੋਟ :- ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਨਗਰ ਨਿਗਮ ਦਾ ਹਾਊਸ ਟੈਕਸ ਮੱਦ ਅਧੀਨ ਪਿਛਲਾ ਬਕਾਇਆ ਵਸੂਲ ਕਰਨ ਯੋਗ ਹੈ। ਇਸ ਲਈ ਇਹ ਰਕਮ ਹਰ ਹਾਲਤ ਵਿੱਚ ਸਾਲ 2016-17 ਦੌਰਾਨ ਰਿਕਵਰ ਕਰਨੀ ਯਕੀਨੀ ਬਣਾਈ ਜਾਵੇ।

ਖਰਚਾ: ਅਮਲਾ: ਇਸ ਮੱਦ ਅਧੀਨ ਨਗਰ ਨਿਗਮ, ਲੁਧਿਆਣਾ ਨੂੰ ਖਾਲੀ ਆਸਾਮੀਆਂ ਦਾ ਖਰਚਾ ਪ੍ਰਵਾਨ ਨਹੀਂ ਕੀਤਾ ਜਾਂਦਾ। ਤਨਖਾਹਾਂ / ਰਿਟਾਇਰਮੈਂਟ ਬੈਨੀਫਿਟ / ਪੈਨਸਨ ਕੰਟਰੀਬਿਊਸਨ ਅਦਾ ਕਰਨ ਲਈ 36000.00 ਲੱਖ ਰੁਪਏ ਦਾ ਬਜਟ ਪ੍ਰਵਾਨ ਕੀਤਾ ਜਾਂਦਾ ਹੈ। ਨਗਰ ਨਿਗਮ ਨੂੰ ਇਹ ਵੀ ਲਿਖਿਆ ਜਾਂਦਾ ਹੈ ਕਿ ਕਿਸੇ ਵੀ ਹੈਡ ਅਧੀਨ ਖਰਚਾ ਪ੍ਰਵਾਨਤ ਬਜਟ ਤੋਂ ਵੱਧ ਨਾ ਕੀਤਾ ਜਾਵੇ ਅਤੇ ਕੋਈ ਵੀ ਅਸਾਮੀ ਬਿਨਾਂ ਪੂਰਵ ਪ੍ਰਵਾਨਗੀ ਦੇ ਨਾ ਭਰੀ ਜਾਵੇ।

ਕੰਟੀਜੈਂਸੀ:- ਇਸ ਮੱਦ ਅਧੀਨ ਸਾਲ 2016-17 ਲਈ ਹੇਠ ਦਰਸਾਏ ਹੈਡਾਂ ਸਮੇਤ ਬਾਕੀ ਹੈਡਾਂ ਦਾ ਕੁਲ ਖਰਚਾ 4500.00 ਲੱਖ ਰੁਪਏ ਪ੍ਰਵਾਨ ਕੀਤਾ ਜਾਂਦਾ ਹੈ :-

| ਹੈਡ ਦਾ ਨਾਮ | ਵਿਭਾਗ ਦੀ ਪ੍ਰਵਾਨਗੀ |
|---|---|
| ਸਟੇਸ਼ਨਰੀ | 100.00 |
| ਪੈਟਰੌਲ, ਡੀਜਲ /ਓ ਐਂਡ ਐਮ | 2015.00 |
| ਟੈਲੀਫੋਨ | 15.00 |
| ਕੰਪਿਊਟਰ ਦੀ ਖਰੀਦ | 180.00 |
| ਸੈਨੀਟੇਸਨ ਕੰਟੀਜੈਂਸੀ | 450.00 |
| ਸਿਟੀ ਬੱਸ ਸਰਵਿਸ | 1200.00 |
| ਹੋਰ ਫੁਟਕਲ | 540.00 |
| ਕੁਲ ਜੋੜ | **4500.00** |

ਵਿਕਾਸ:- ਇਸ ਮੱਦ ਅਧੀਨ ਹੇਠ ਦਰਸਾਏ ਹੈਡਾਂ ਸਮੇਤ ਬਾਕੀ ਹੈਡਾਂ (ਕਮਿਟਡ 38970.00 ਲੱਖ ਅਤੇ ਨਾਨ ਕਮਿਟਡ 27200.00 ਲੱਖ) ਦਾ ਕੁਲ ਖਰਚਾ 66170.00 ਲੱਖ ਰੁਪਏ ਪ੍ਰਵਾਨ ਕੀਤਾ ਜਾਂਦਾ ਹੈ :-

| ਹੈਡ ਦਾ ਨਾਮ (ਕਮਿਟਡ) | ਵਿਭਾਗ ਦੀ ਪ੍ਰਵਾਨਗੀ |
|---|---|
| ਬਿਜਲੀ ਬਿਲ | 4000.00 |
| ਰੀਪੇਮੈਂਟ ਆਫ ਲੋਨ | 8000.00 |
| ਕੰਪਿਊਟਰਾਈਜੇਸਨ | 180.00 |
| ਭੌ ਪ੍ਰਾਪਤੀ | 100.00 |
| ਮਸ਼ੀਨਰੀ ਦੀ ਖਰੀਦ | 300.00 |
| ਸੋਲਿਡ ਵੇਸਟ | 3200.00 |
| ਓ ਐਂਡ ਐਮ ਦਾ ਖਰਚਾ | 22990.00 |
| ਹੋਰ ਫੁਟਕਲ ਕੰਮਾਂ ਲਈ | 200.00 |
| ਕੁੱਲ | **38970.00** |
| ਨਾਨ ਕਮਿਟਡ | ਵਿਭਾਗ ਦੀ ਪ੍ਰਵਾਨਗੀ |
| ਸੜਕਾਂ ਲਈ | 17300.00 |
| ਗਲੀਆਂ ਤੇ ਨਾਲੀਆਂ | 1700.00 |
| ਬਰਿਜ/ਪ੍ਰੋਜੈਕਟਸ | 400.00 |
| ਮਿਉਂ: ਬਿਲਡਿੰਗ/ਲਾਇਬ੍ਰੇਰੀ/ਟਾਇਲਟਸ | 2100.00 |
| ਸਟਰੀਟ ਲਾਈਟ | 1300.00 |
| ਡਿਵੈਲਪਮੈਂਟ ਆਫ ਸਲੱਮਜ ਕਲੋਨੀਜ (Outer area/BSUP) | 3400.00 |
| ਪਾਰਕਾਂ ਲਈ | 1000.00 |
| ਕੁੱਲ | **27200.00** |

ਵਿਸ਼ੇਸ਼ ਨੋਟ :- ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਭੱਵਿਖ ਵਿੱਚ ਭੇਜਿਆ ਜਾਣ ਵਾਲਾ ਬਜਟ ਇਸ ਦਫਤਰ ਵੱਲੋਂ ਨਿਰਧਾਰਿਤ ਪ੍ਰੋਫਾਰਮਿਆਂ ਵਿੱਚ ਹੀ ਤਿਆਰ ਕਰਕੇ ਭੇਜਿਆ ਜਾਵੇ ਤਾਂ ਜੋ ਬਜਟ ਡਿਸਕਸ਼ਨ ਸਮੇਂ ਬਜਟ ਦੇ ਸਾਰੇ ਤੱਥਾਂ ਨੂੰ ਡਿਸਕਸ ਕੀਤਾ ਜਾ ਸਕੇ।

ਮਿਤੀ 31/3/2017 ਲਈ ਅੰਤਮ ਬਕਾਇਆ 11257.13 ਲੱਖ ਰੁਪਏ ਨਿਸ਼ਚਿਤ ਕੀਤਾ ਗਿਆ ਹੈ। ਕਮਿਸਨਰ, ਨਗਰ ਨਿਗਮ, ਲੁਧਿਆਣਾ ਨੂੰ ਲਿਖਿਆ ਜਾਂਦਾ ਹੈ ਕਿ ਸਾਲ 2016-17 ਲਈ ਨਿਸਚਿਤ ਕੀਤੀ ਗਈ ਆਮਦਨ ਦੇ ਟੀਚੇ ਨੂੰ ਹਰ ਹਾਲਤ ਵਿੱਚ ਪ੍ਰਾਪਤ ਕੀਤਾ ਜਾਵੇ ਅਤੇ ਪ੍ਰਵਾਨਤ ਖਰਚੇ ਨੂੰ ਪ੍ਰਾਪਤ ਹੋਣ ਵਾਲੀ ਆਮਦਨ ਦੇ ਸਨਮੁੱਖਤੀ ਕੀਤਾ ਜਾਵੇ। ਸਾਲ ਦੇ ਅੰਤ ਤੇ ਤਜਵੀਜਤ ਬਕਾਏ ਨੂੰ ਬਰਕਰਾਰ ਰਖਿਆ ਜਾਵੇ।

ਸ਼ਰਤਾਂ:-

1. ਸਾਲ 2016-17 ਲਈ ਮਿਥਿਆ ਗਿਆ ਆਮਦਨ ਦਾ ਟੀਚਾ ਪੂਰਾ ਕਰਨ ਲਈ ਨਗਰ ਨਿਗਮ ਦੇ ਕਮਿਸ਼ਨਰ, ਮੇਅਰ ਅਤੇ ਕਾਰਜ ਸ ਅਫਸਰ ਦੀ ਸਾਂਝੀ ਜੁੰਮੇਵਾਰੀ ਹੋਵੇਗੀ ।
2. ਨਗਰ ਨਿਗਮ ਅੰਦਰ ਪੈਂਦੀਆਂ ਸਾਰੀਆਂ ਇਮਾਰਤਾਂ ਦਾ ਹਾਊਸ ਟੈਕਸ ਅਤੇ ਹੋਰ ਤਰ੍ਹਾਂ ਦੀ ਉਗਰਾਹੀ ਲਈ ਸਰਵੇ ਤਿੰਨ ਮਹੀਨੇ ਦੇ ਅੰਦਰ-ਅ ਮੁਕੰਮਲ ਕਰਵਾਇਆ ਜਾਵੇ ਅਤੇ ਏਰੀਅਰ ਦੀ 100% ਰਿਕਵਰੀ ਯਕੀਨੀ ਬਣਾਈ ਜਾਵੇ ।
3. ਅਮਲੇ ਦੇ ਖਰਚੇ ਅਤੇ ਦਫਤਰੀ ਖਰਚੇ ਨੂੰ ਹੋਰ ਘੱਟ ਕਰਨ ਸਬੰਧੀ ਉਪਰਾਲੇ ਕੀਤੇ ਜਾਣ ।
4. ਕਿਸੇ ਵੀ ਖਰਚੇ ਦੀ ਮੱਦ ਅਧੀਨ ਪ੍ਰਵਾਨ ਕੀਤੇ ਖਰਚੇ ਤੋਂ ਵੱਧ ਖਰਚਾ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਲਏ ਬਗੈਰ ਨਾ ਕੀਤਾ ਜਾਵੇ ਅਤੇ ਹੀ ਅਗਾਊਂ ਪ੍ਰਵਾਨਗੀ ਆਉਣ ਦੀ ਆਸ ਵਿੱਚ ਕੀਤਾ ਜਾਵੇ ।
5. ਕੋਈ ਨਵੀਂ ਅਸਾਮੀ/ਖਾਲੀ ਅਸਾਮੀ ਸਥਾਨਕ ਸਰਕਾਰ ਵਿਭਾਗ ਦੀ ਪੂਰਵ ਪ੍ਰਵਾਨਗੀ ਤੋਂ ਬਿਨਾਂ ਨਾ ਭਰੀ ਜਾਵੇ ।
6. ਇਸ ਵਿਭਾਗ ਦੀ ਪ੍ਰਵਾਨਗੀ ਤੋਂ ਬਗੈਰ ਕਿਸੇ ਅਸਾਮੀ ਦੀ ਤਬਦੀਲੀ ਨਾ ਕੀਤੀ ਜਾਵੇ ਅਤੇ ਕਰਮਚਾਰੀ ਦਾ ਕਾਡਰ ਵੀ ਤਬਦੀਲ ਨਾ ਕ ਜਾਵੇ ।
7. ਕੋਈ ਵੀ ਵਹੀਕਲ ਇਸ ਦਫਤਰ ਦੀ ਪੂਰਵ ਪ੍ਰਵਾਨਗੀ ਤੋਂ ਬਿਨ੍ਹਾਂ ਖਰੀਦ ਨਾ ਕੀਤਾ ਜਾਵੇ ।
8. ਡੇਲੀਵੇਜਿਜ ਜਾਂ ਕੰਟਰੈਕਟ ਦੇ ਅਧਾਰ ਤੇ ਇਸ ਦਫਤਰ ਦੀ ਵਿਸੇਸ਼ ਪੂਰਵ ਪ੍ਰਵਾਨਗੀ ਤੋਂ ਬਿਨ੍ਹਾਂ ਕੋਈ ਵੀ ਨਿਯੁਕਤੀ ਨਾ ਕੀਤੀ ਜਾਵੇ ।
9. ਕੰਟਰੈਕਟ/ਠੇਕੇ ਤੇ ਭਰਤੀ ਕਰਨ ਦੀ ਬਜਾਏ ਜਿੱਥੋਂ ਤੱਕ ਸੰਭਵ ਹੋਵੇ ਕਿਸੇ ਬਾਹਰੀ ਸੰਸਥਾ ਤੋਂ ਲੋੜੀਂਦੇ ਸਟਾਫ ਦੀਆਂ ਸੇਵਾਵਾਂ ਪ੍ਰਾਪਤ ਕੀਤੀ ਜਾਣ ਤਾਂ ਜੋ ਸਥਾਨਕ ਸੰਸਥਾ ਨੂੰ ਭਵਿੱਖ ਵਿੱਚ ਕਿਸੇ ਕਿਸਮ ਦੀ ਕਾਨੂੰਨੀ ਅੜਚਨ ਨਾ ਆਵੇ ।
10. ਚੰਡੀਗੜ੍ਹ ਵਿਖੇ ਉਸਾਰੇ ਜਾਣ ਵਾਲੇ ਮਿਊਂਸਪਲ ਭਵਨ ਲਈ ਨਗਰ ਨਿਗਮ ਦੀ ਕੁਲ ਆਮਦਨ ਦਾ 1% ਦੀ ਰਾਸੀ ਦਾ ਉਪਬੰਧ ਕੀਤਾ ਜਾਂਦਾ ਹੈ
11. <u>ਵਿਕਾਸ</u> : ਵਰਕਸ ਦਾ ਖਰਚਾ ਸਪਲਿਟ ਕਰਨ ਤੇ ਪਾਬੰਦੀ ਹੈ। ਹਰ ਹਾਲਤ ਵਿੱਚ ਜੋ ਪੈਸੇ ਸਰਕਾਰ ਵੱਲੋਂ ਦਿੱਤੇ ਜਾਂਦੇ ਹਨ, ਉਸ ਨਾਲ ਕੰਮ ਸ ਸਮੇਂ ਸੀਮਾਂ ਅਤੇ ਮਿਥੇ ਤਖਮੀਨੇ ਵਿੱਚ ਮੁਕੰਮਲ ਕੀਤਾ ਜਾਵੇ । ਗਰਾਂਟ ਦਾ ਖਰਚਾ ਸਕੀਮ ਵਿੱਚ ਦਰਜ ਹਦਾਇਤਾਂ ਅਨੁਸਾਰ ਕੀਤਾ ਜਾਵੇ ਅ ਵਰਤੋਂ ਸਰਟੀਫਿਕੇਟ ਮੁੱਖ ਦਫਤਰ ਵਿਖੇ ਸਬੰਧਤ ਸਾਖਾ ਨੂੰ ਸਮੇਂ-ਸਿਰ ਪੁੱਜਦਾ ਕੀਤਾ ਜਾਵੇ । ਨਿਗਮ ਵੱਲੋਂ ਹਰ ਸਾਲ ਅਪਣੀ ਪ੍ਰਬੰਧਕੀ ਰਿਪੋਰ ਤਿਆਰ ਕਰਕੇ ਸਮੇਂ ਸਿਰ ਸਰਕਾਰ ਨੂੰ ਭੇਜੀ ਜਾਵੇ । ਵਰਕਚਾਰਜ ਅਮਲੇ ਤੇ ਹੋਣ ਵਾਲਾ ਖਰਚਾ ਵਿਕਾਸ ਦੀ ਮੱਦ ਹੇਠ ਨਾ ਕੀਤਾ ਜਾਵੇ ਉਸ ਨੂ ਅਮਲੇ ਦੀ ਮੱਦ ਵਿੱਚ ਕੀਤਾ ਜਾਵੇ ।
12. ਫਾਇਰ ਬ੍ਰਿਗੇਡ ਲਈ ਲੋੜੀਂਦੇ ਡਰਾਈਵਰ ਪਾਸਕੋ ਤੋਂ ਜਾਂ ਕਿਸੇ ਬਾਹਰੀ ਸੰਸਥਾ ਤੋਂ ਲਏ ਜਾਣ ।
13. ਸਾਲ 2016-17 ਦੌਰਾਨ ਵਿਕਾਸ ਦੇ ਕੰਮਾਂ ਦੀ ਜੋ ਸੂਚੀ ਬਜਟ ਅਨੁਮਾਨ ਨਾਲ ਭੇਜੀ ਹੈ ਉਸ ਦੇ ਅਨੁਸਾਰ ਹੀ ਵਿਕਾਸ ਦੇ ਕੰਮ ਕਰਵਾਏ ਜਾਣ ਨੂੰ ਯਕੀਨੀ ਬਣਾਇਆ ਜਾਵੇ ।
14. ਕਰਮਚਾਰੀਆਂ ਨੂੰ ਮਿਲਣ ਵਾਲੇ ਰਿਟਾਇਰਲ ਡਿਊਜ, ਜੀ.ਪੀ.ਫੰਡ ਦੀ ਅਦਾਇਗੀ, ਪੈਨਸਨ ਫੰਡ ਦੀ ਅਦਾਇਗੀ, ਹੂਡਕੋ ਅਤੇ ਐਲ.ਆਈ.ਸੀ.ਦੇ ਕਰਜਿਆਂ ਦੀ ਅਦਾਇਗੀ ਨੂੰ ਫਸਟ ਚਾਰਜ ਰੱਖਦੇ ਹੋਏ ਪਹਿਲ ਦੇ ਅਧਾਰ ਤੇ ਅਦਾਇਗੀ ਕੀਤੀ ਜਾਵੇ ।
15. ਕਰਮਚਾਰੀਆਂ ਨੂੰ ਕਰਜੇ ਦੇਣ ਦੇ ਸਬੰਧ ਵਿੱਚ ਰਾਜ ਸਰਕਾਰ ਦੁਆਰਾ ਆਪਣੇ ਕਰਮਚਾਰੀਆਂ ਲਈ ਜਾਰੀ ਕੀਤੇ ਦਿਸਾ-ਨਿਰਦੇਸਾਂ ਦੀ ਪਾਲਣਾ ਕੀਤੀ ਜਾਵੇ ।
16. ਸਹਿਰੀ ਗਰੀਬਾਂ ਨੂੰ ਮੁਢਲੀ ਸਹੂਲਤਾਂ ਦੇਣ ਸਬੰਧੀ ਉਪਰਾਲੇ ਕੀਤੇ ਜਾਣ ।
17. ਸਾਲ 2016-17 ਦੇ ਪ੍ਰਵਾਨ ਕੀਤੇ ਬਜਟ/ਆਮਦਨ ਦਾ 1% ਨਗਰ ਨਿਗਮ ਦੇ ਵਿਕਾਸ ਦੇ ਫੰਡ ਵਿੱਚੋਂ ਸਹਿਰ ਦੀ ਹਰਿਆਵਲੀ/ਗਰੀਨਰੀ ਲਈ ਵਰਤਿਆ ਜਾਵੇ ।
18. ਸਥਾਨਕ ਸੰਸਥਾ ਦੇ ਦਫਤਰ ਵਿੱਚ ਕੰਪਿਊਟਰਾਈਜੇਸਨ ਕਰਨ ਲਈ ਬਜਟ ਦੇ ਫੰਡਾਂ ਵਿੱਚੋਂ ਆਪ ਦੇ ਅਧਿਕਾਰੀਆਂ / ਕਰਮਚਾਰੀਆਂ ਨੂੰ ਕੰਪਿਊਟਰ ਟਰੇਨਿੰਗ ਆਪਣੇ ਪੱਧਰ ਤੇ ਕਰਵਾਈ ਜਾਵੇ ਅਤੇ ਸਾਰੀਆਂ ਬਰਾਂਚਾਂ ਦੀ ਨੈਟ-ਵਰਕਿੰਗ ਕਰਕੇ ਕੰਪਿਊਟਰਾਈਜੇਸਨ ਹਰ ਹਾਲਤ ਵਿੱਚ ਕੀਤੀ ਜਾਵੇ ।
19. ਕਿਸੇ ਵੀ ਸਥਾਨਕ ਸੰਸਥਾ ਦੇ ਸਬੰਧ ਵਿੱਚ ਆਡਿਟ ਵੱਲੋਂ ਜੋ ਇਤਰਾਜ ਲਗਾਏ ਜਾਂਦੇ ਹਨ ਉਨ੍ਹਾਂ ਦਾ ਉੱਤਰ ਆਡਿਟ ਨੋਟ ਵਿੱਚ ਦਰਸਾਏ ਅਨੁਸਾਰ ਸਮੇਂ ਸਿਰ ਸਾਰੇ ਪੈਰ੍ਹੇ ਨਾਲ-ਨਾਲ ਸੈਟਲ ਕਰਵਾਏ ਜਾਣ ।

ਡਿਪਟੀ ਕੰਟਰੋਲਰ (ਵਿੱਤ ਤੇ ਲੇਖਾ )
ਸਥਾਨਕ ਸਰਕਾਰ, ਪੰਜਾਬ ।